# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-06-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 21 ਜੂਨ ਨੂੰ, 10ਵੇਂ ਕੌਮਾਂਤਰੀ ਯੋਗ ਦਿਵਸ ਦੇ ਮੌਕੇ 'ਤੇ, ਸ੍ਰੀਨਗਰ ਵਿਖੇ ਹੋਣ ਵਾਲੇ ਸਮਾਗਮ ਦੀ ਅਗਵਾਈ ਕਰਨਗੇ।
- ਪੰਜਾਬ ਵਿਚ ਵੀ ਯੋਗ ਦਿਵਸ ਨੂੰ ਵੱਡੇ ਪੱਧਰ ਤੇ ਮਨਾਉਣ ਦੀਆਂ ਤਿਆਰੀਆਂ, ਲੋਕਾਂ ਵਿਚ ਜ਼ਬਰਦਸਤ ਉਤਸ਼ਾਹ ।
- ਕੇਂਦਰ ਵਲੋਂ 14 ਫਸਲਾਂ ਲਈ MSP ਵਧਾਉਣ ਦਾ ਸੂਬੇ ਦੇ ਕਿਸਾਨਾਂ ਨੇ ਕੀਤਾ ਭਰਵਾਂ ਸਵਾਗਤ।
- ਜਲੰਧਰ ਪੱਛਮੀ ਰਾਖਵੇਂ ਵਿਧਾਨਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਅੱਜ BJP ਉਮੀਦਵਾਰ ਸ਼ੀਤਲ ਅੰਗੂਰਾਲ ਸਮੇਤ ਕਈ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 21 ਜੂਨ ਨੂੰ, 10ਵੇਂ ਕੌਮਾਂਤਰੀ ਯੋਗ ਦਿਵਸ ਦੇ ਮੌਕੇ 'ਤੇ ਸ੍ਰੀਨਗਰ ਵਿਖੇ ਹੋਣ ਵਾਲੇ ਸਮਾਗਮ ਦੀ ਅਗਵਾਈ ਕਰਨਗੇ। ਇਸ ਸਾਲ ਦਾ ਸਮਾਗਮ, ਨੌਜਵਾਨ ਮਨ ਅਤੇ ਸਰੀਰ 'ਤੇ ਯੋਗ ਦੇ ਡੂੰਘੇ ਪ੍ਰਭਾਵ ਨੂੰ ਉਜਾਗਰ ਕਰਦਾ ਏ। ਇਸ ਸਮਾਗਮ ਦਾ ਉਦੇਸ਼, ਹਜ਼ਾਰਾਂ ਲੋਕਾਂ ਨੂੰ ਯੋਗਾ ਦੇ ਅਭਿਆਸ ਨਾਲ ਜੋੜਨਾ, ਵਿਸ਼ਵ ਪੱਧਰ 'ਤੇ ਸਿਹਤ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਏ। ਜ਼ਿਕਰਯੋਗ ਏ ਕਿ ਪ੍ਰਧਾਨ ਮੰਤਰੀ, ਸਾਲ 2015 ਤੋਂ ਹੀ ਯੋਗ ਦੇ ਮਹੱਤਵ ਨੂੰ ਉਜਾਗਰ ਕਰ ਰਹੇ ਨੇ। ਉਹ ਕਰਤੱਵ ਪਥ ਦਿੱਲੀ, ਚੰਡੀਗੜ੍ਹ, ਦੇਹਰਾਦੂਨ, ਰਾਂਚੀ, ਲਖਨਊ, ਮੈਸੂਰ ਸਮੇਤ ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ ਹੈੱਡ-ਕੁਆਰਟਰ ਜਿਹੇ ਵੱਖ-ਵੱਖ ਵੱਕਾਰੀ ਸਥਾਨਾਂ 'ਤੇ ਕੌਮਾਂਤਰੀ ਯੋਗ ਦਿਵਸ ਸਮਾਗਮ ਦੀ ਅਗਵਾਈ ਕਰ ਚੁੱਕੇ ਨੇ। ਇਸ ਸਾਲ ਦਾ ਵਿਸ਼ਾ ਆਪਣੇ ਆਪ ਤੇ ਸਮਾਜ ਲਈ ਯੋਗ ਏ। ਇਸ ਰਾਹੀਂ ਨਿੱਜੀ ਅਤੇ ਸਮਾਜ ਭਲਾਈ ਦੇ ਪ੍ਰਚਾਰ ਦਾ ਜ਼ਿਕਰ ਕੀਤਾ ਗਿਆ ਏ। ਇਹ ਪ੍ਰੋਗਰਾਮ ਜ਼ਮੀਨੀ ਪੱਧਰ 'ਤੇ ਲੋਕਾਂ ਦੀ

ਭਾਗੀਦਾਰੀ ਅਤੇ ਦਿਹਾਤੀ ਖੇਤਰਾਂ ਵਿੱਚ ਯੋਗ ਦੇ ਪ੍ਰਸਾਰ ਨੂੰ ਉਤਸ਼ਾਹਿਤ ਕਰੇਗਾ।

---------------------------------------------------------

ਇਸ ਦੌਰਾਨ ਪੰਜਾਬ ਵਿਚ ਵੀ, ਯੋਗ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਦੀਆਂ ਤਿਆਰੀਆਂ ਕੀਤੀਆਂ ਗਈਆਂ ਨੇ। ਜਲੰਧਰ ਸਮੇਤ ਵੱਖ ਵੱਖ ਜ਼ਿਲਿਆਂ ਵਿਚ ਲੋਕ ਸਵੇਰ ਤੋਂ ਹੀ, ਵੱਖ ਵੱਖ ਜਨਤਕ ਥਾਂਵਾਂ, ਧਾਰਮਿਕ ਸਥਾਨਾਂ ਅਤੇ ਵਿੱਦਿਅਕ ਅਦਾਰਿਆਂ ਵਿਚ ਯੋਗ ਆਸਨ ਕਰਨਗੇ। ਇਨਾਂ ਸਮਾਗਮਾਂ ਵਿਚ ਯੋਗ ਮਾਹਰ ਲੋਕਾਂ ਨੂੰ ਯੋਗ ਰਾਹੀਂ ਸੇਹਤਮੰਦ ਰਹਿਣ ਦੇ ਗੁਰ ਦੱਸਣਗੇ। ਲੋਕਾਂ ਦਾ ਕਹਿਣਾ ਏ ਕਿ ਯੋਗ ਆਮ ਜੀਵਨ ਵਿਚ ਕਈ ਤਰਾਂ ਨਾਲ ਫਾਇਦੇਮੰਦ ਏ।

---------------------------------------------------------

ਕੇਂਦਰੀ ਮੰਤਰੀ ਮੰਡਲ ਵਲੋਂ ਬੀਤੇ ਕਲ, 14 ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ MSP ਵਧਾਉਣ ਦਾ ਫੈਸਲਾ ਕੀਤਾ ਗਿਆ ਏ। ਇਸ ਅਨੁਸਾਰ ਝੋਨੇ ਦਾ ਭਾਅ 117 ਰੁਪਏ ਵਧਾ ਕੇ, 2 ਹਜ਼ਾਰ 300 ਰੁਪਏ ਪ੍ਰਤੀ ਕਵਿੰਟਲ, ਹਾਈਬ੍ਰਿਡ ਗ੍ਰੇਡ ਜਵਾਰ ਲਈ, MSP 191 ਰੁਪਏ ਵਧਾ

ਕੇ, 3 ਹਜ਼ਾਰ 371 ਰੁਪਏ ਪ੍ਰਤੀ ਕਵਿੰਟਲ, ਬਾਜਰੇ ਦਾ 125 ਰੁਪਏ ਵਧਾ ਕੇ, 2 ਹਜ਼ਾਰ 625 ਰੁਪਏ ਪ੍ਰਤੀ ਕਵਿੰਟਲ, ਮੱਕੀ ਦਾ 135 ਰੁਪਏ ਵਧਾ ਕੇ 2 ਹਜ਼ਾਰ 225 ਰੁਪਏ ਪ੍ਰਤੀ ਕਵਿੰਟਲ ਅਤੇ ਰਾਗੀ ਦਾ MSP 444 ਰੁਪਏ ਵਧਾ ਕੇ, 4 ਹਜ਼ਾਰ 290 ਰੁਪਏ ਪ੍ਰਤੀ ਕਵਿੰਟਲ ਕੀਤਾ ਗਿਆ ਏ। ਦਾਲਾਂ ਦੀ ਦਰਾਮਦ ਤੇ ਦੇਸ਼ ਦੀ ਨਿਰਭਰਤਾ ਘੱਟ ਕਰਨ ਲਈ ਅਰਹਰ ਦਾ MSP 550 ਰੁਪਏ ਵਧਾ ਕੇ, 7 ਹਜ਼ਾਰ 550 ਰੁਪਏ ਪ੍ਰਤੀ ਕਵਿੰਟਲ, ਮਾਂਹ ਲਈ 450 ਰੁਪਏ ਵਧਾ ਕੇ 7 ਹਜ਼ਾਰ 400 ਰੁਪਏ ਪ੍ਰਤੀ ਕਵਿੰਟਲ ਅਤੇ ਮੂੰਗੀ ਲਈ 124 ਰੁਪਏ ਵਧਾ ਕੇ 8 ਹਜ਼ਾਰ 682 ਰੁਪਏ ਪ੍ਰਤੀ ਕਵਿੰਟਲ ਕੀਤਾ ਗਿਆ ਏ। ਸੂਰਜਮੁਖੀ ਦੇ ਬੀਜ ਦਾ MSP 520 ਰੁਪਏ ਵਧਾ ਕੇ 7 ਹਜ਼ਾਰ 280 ਰੁਪਏ ਪ੍ਰਤੀ ਕਵਿੰਟਲ, ਮੂੰਗਫਲੀ ਲਈ 406 ਰੁਪਏ ਵਧਾ ਕੇ 6 ਹਜ਼ਾਰ 783 ਰੁਪਏ ਪ੍ਰਤੀ ਕਵਿੰਟਲ ਅਤੇ ਕਪਾਹ ਦਾ 501 ਰੁਪਏ ਵਧਾ ਕੇ 7 ਹਜ਼ਾਰ 121 ਤੇ 7 ਹਜ਼ਾਰ 521 ਰੁਪਏ ਪ੍ਰਤੀ ਕਵਿੰਟਲ ਕੀਤਾ ਗਿਆ ਏ।

---

ਇਸ ਦੌਰਾਨ ਕਿਸਾਨਾਂ ਨੇ, ਕੇਂਦਰ ਸਰਕਾਰ ਵਲੋਂ MSP ਵਿਚ ਕੀਤੇ ਵਾਧੇ ਦਾ ਭਰਵਾਂ ਸਵਾਗਤ ਕੀਤਾ ਏ। ਇਸ ਫੈਸਲੇ ਲਈ ਉਨਾਂ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ ਏ।

---

ਜਲੰਧਰ ਪੱਛਮੀ ਰਾਖਵੇਂ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ, ਅੱਜ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰਾਂ ਨੇ ਆਪੋ-ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸ਼ੀਤਲ ਅੰਗੂਰਾਲ ਨੇ ਅੱਜ ਚੋਣ ਅਧਿਕਾਰੀ ਕੋਲ ਆਪਣਾ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਸਰਬਜੀਤ ਸਿੰਘ, ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਬਿੰਦਰ ਕੁਮਾਰ, ਰਾਸ਼ਟਰੀ ਏਕਤਾ ਪਾਰਟੀ ਦੇ ਉਮੀਦਵਾਰ ਇਕਬਾਲ ਚੰਦ ਅਤੇ ਆਜ਼ਾਦ ਉਮੀਦਵਾਰ ਅਜੈ ਕੁਮਾਰ ਭਗਤ ਤੇ ਨੀਟੂ ਨੇ ਵੀ, ਆਪੋ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਸ ਤੋਂ ਪਹਿਲਾਂ ਸ਼ੀਤਲ ਅੰਗੂਰਾਲ ਜਲੰਧਰ ਸ਼ਹਿਰ ਦੇ ਬਸਤੀ 9 ਇਲਾਕੇ ਤੋਂ

ਇਕ ਜਲੂਸ ਦੇ ਰੂਪ ਵਿਚ ਚੋਣ ਅਧਿਕਾਰੀ ਦੇ ਦਫਤਰ ਤਕ ਪੁੱਜੇ। ਪਾਰਟੀ ਦੇ ਜ਼ਿਲਾ ਪ੍ਰਧਾਨ ਸੁਸ਼ੀਲ ਕੁਮਾਰ ਸ਼ਰਮਾ, ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਸੂਬਾ ਮੀਤ ਪ੍ਰਧਾਨ ਕੇ. ਡੀ. ਭੰਡਾਰੀ ਅਤੇ ਸਾਬਕਾ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਸਮੇਤ ਕਈ ਹੋਰ ਆਗੂ ਉਨਾਂ ਨਾਲ ਮੌਜੂਦ ਰਹੇ। ਏਧਰ ਕਾਂਗਰਸ ਪਾਰਟੀ ਨੇ ਆਪਣੀ ਸੀਨੀਅਰ ਆਗੂ ਸੁਰਿੰਦਰ ਕੌਰ ਨੂੰ ਉਮੀਦਵਾਰ ਐਲਾਨਿਆ ਏ। ਲੰਬੀ ਚਰਚਾ ਮਗਰੋਂ ਬੀਤੀ ਦੇਰ ਰਾਤ, ਉਨਾਂ ਦੇ ਨਾਮ ਦਾ ਐਲਾਨ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਨੇ ਸੁਰਜੀਤ ਕੌਰ ਨੂੰ ਆਪਣਾ ਉਮੀਦਵਾਰ ਬਣਾਇਆ ਏ। ਕਲ 21 ਜੂਨ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਆਖਰੀ ਦਿਨ ਏ। ਨਾਮਜ਼ਦਗੀਆਂ ਦੀ ਪੜਤਾਲ 24 ਜੂਨ ਨੂੰ ਹੋਵੇਗੀ ਜਦਕਿ ਨਾਮ ਵਾਪਸ ਲੈਣ ਦੀ ਆਖਰੀ ਤਰੀਕ 26 ਜੂਨ ਏ । ਵੋਟਾਂ 10 ਜੁਲਾਈ ਨੂੰ ਪੈਣਗੀਆਂ ਅਤੇ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ।

---------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਲੋਂ ਚਲਾਈ ਜਾ ਰਹੀ

ਨਰਮੇ ਦੀ ਕਾਸ਼ਤ ਦੀ ਸਫ਼ਲ ਮੁਹਿੰਮ ਤਹਿਤ, ਪੀ.ਏ.ਯੂ.ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਨੇ ਅੱਜ ਪਿੰਡ ਚੱਕ ਰਾਮ ਸਿੰਘ ਵਾਲਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਖੇਤੀਬਾੜੀ ਤੇ ਕਿਸਾਨ ਕਲਿਆਣ ਵਿਭਾਗ ਦੇ ਸਹਿਯੋਗ ਨਾਲ ਲਗਾਇਆ, ਜਿਸ ਵਿੱਚ 80 ਕਿਸਾਨਾਂ ਨੇ ਹਿੱਸਾ ਲਿਆ । ਕੈਂਪ ਦਾ ਮੁੱਖ ਮਕਸਦ, ਕਿਸਾਨਾਂ ਨੂੰ ਕੀੜੇ-ਮਕੌੜੇ ਤੇ ਬੀਮਾਰੀਆਂ ਦੀ ਅਗਾਊਂ ਰੋਕਥਾਮ ਬਾਰੇ ਜਾਗਰੂਕ ਕਰਨਾ ਰਿਹਾ । ਇਸ ਕੈਂਪ ਦੌਰਾਨ ਨਰਮੇ ਦੀ ਫ਼ਸਲ ਵਿੱਚ ਖਾਦਾਂ ਦੀ ਸੁਚੱਜੀ ਵਰਤੋਂ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਦਿਆਂ, ਜ਼ਿਲ੍ਹਾ ਪਸਾਰ ਮਾਹਿਰ ਡਾ. ਪ੍ਰਿਤਪਾਲ ਸਿੰਘ ਨੇ ਨਰਮੇ ਦੀ ਫਸਲ ਵਿੱਚ ਸਿੰਚਾਈ ਅਤੇ ਖਾਦਾਂ ਦੀ ਸਹੀ ਵਰਤੋਂ ਢੁੱਕਵੇ ਸਮੇਂ ਤੇ ਕਰਨ ਦੀ ਸਲਾਹ ਕਿਸਾਨਾਂ ਨੂੰ ਦਿੱਤੀ। ਉਨ੍ਹਾਂ ਕਿਹਾ ਕਿ ਕਿਸਾਨ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫਾਰਸ਼ ਖਾਦਾਂ ਦੀ ਹੀ ਵਰਤੋਂ ਕਰਨ ਕਿਉਂਕਿ ਵੱਧ ਖਾਦਾਂ ਦੀ ਵਰਤੋਂ ਨਾਲ ਕੀੜੇ-ਮਕੌੜਿਆਂ ਦਾ ਹਮਲਾ ਵਧੇਰੇ ਹੁੰਦਾ ਏ । ਜ਼ਿਲ੍ਹਾ ਪਸਾਰ ਡਾ. ਨਵਨੀਤ ਕੌਰ ਨੇ ਕਿਸਾਨਾਂ ਨਾਲ ਸਾਉਣੀ ਦੀਆਂ ਫਸਲਾਂ ਵਿੱਚ ਸੁਚੱਜੇ ਸਿੰਚਾਈ ਪ੍ਰਬੰਧ ਸੰਬੰਧੀ ਜਾਣਕਾਰੀ ਸਾਂਝੀ ਕੀਤੀ ।

---

ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ, ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਨੂੰ ਭਲਕੇ, 21 ਜੂਨ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਸਵੇਰੇ 8 ਵਜੇ ਰਵਾਨਾ ਕੀਤਾ ਜਾਵੇਗਾ । ਇਹ ਜਥਾ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਨ ਉਪਰੰਤ, 30 ਜੂਨ ਨੂੰ ਵਾਪਸ ਆਵੇਗਾ । ਸ਼੍ਰੋਮਣੀ ਕਮੇਟੀ ਵੱਲੋਂ ਜਥੇ ਦੀ ਅਗਵਾਈ, ਅੰਤ੍ਰਿੰਗ ਕਮੇਟੀ ਮੈਂਬਰ ਖੁਸ਼ਵਿੰਦਰ ਸਿੰਘ ਭਾਟੀਆ ਨੂੰ ਸੌਂਪੀ ਗਈ ਏ, ਜਦਕਿ ਗੁਰਮੀਤ ਸਿੰਘ ਬੂਹ ਅਤੇ ਬੀਬੀ ਹਰਜਿੰਦਰ ਕੌਰ ਡਿਪਟੀ ਲੀਡਰ ਹੋਣਗੇ । ਸ਼ਰਧਾਲੂਆਂ ਨੂੰ ਵੀਜਾ ਲੱਗੇ ਪਾਸਪੋਰਟ ਦੇਣ ਮੌਕੇ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਪਾਕਿਸਤਾਨ ’ਚ ਰਹਿ ਗਏ ਸਿੱਖ ਗੁਰਧਾਮਾਂ ਦੇ ਦੀਦਾਰ, ਹਰ ਸਿੱਖ ਦੀ ਇੱਛਾ ਹੁੰਦੀ ਏ । ਉਨ੍ਹਾਂ ਕਿਹਾ ਕਿ ਜਥੇ ਵਿੱਚ ਜਾ ਰਹੇ ਸ਼ਰਧਾਲੂਆਂ ਦੇ ਮਨਾਂ ਅੰਦਰ, ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾ ਲਈ ਭਾਰੀ ਉਤਸ਼ਾਹ ਤੇ ਖੁਸ਼ੀ ਏ, ਅਤੇ ਕਮੇਟੀ ਵੱਲੋਂ ਜਥੇ ਲਈ ਹਰ ਤਰ੍ਹਾਂ ਦੇ ਪ੍ਰਬੰਧ ਕਰ ਲਏ ਗਏ ਹਨ ਨੇ ।

-------------------------------------------------

ਪੰਜਾਬ ਦੇ ਕਈ ਜ਼ਿਲਿਆਂ ਵਿਚ ਬੀਤੀ ਰਾਤ ਤੇ ਅੱਜ ਸਵੇਰੇ ਹੋਈ ਬਾਰਿਸ਼ ਤੋਂ ਬਾਅਦ ਲੋਕਾਂ ਨੂੰ ਗਰਮੀ ਤੋਂ ਮਾਮੂਲੀ ਰਾਹਤ ਮਿਲੀ ਏ । ਰਾਤ ਨੂੰ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਮੀਂਹ ਪਿਆ। ਕੱਲ੍ਹ ਸ਼ਾਮ ਤੱਕ ਪਠਾਨਕੋਟ ਵਿੱਚ 9.5 ਮਿਲੀ-ਮੀਟਰ ਅਤੇ ਅੰਮ੍ਰਿਤਸਰ ਵਿੱਚ 2 ਮਿਲੀ-ਮੀਟਰ ਮੀਂਹ ਦਰਜ ਕੀਤਾ ਗਿਆ ਸੀ । ਇਸ ਤੋਂ ਅਲਾਵਾ ਪਟਿਆਲਾ, ਐਸ ਏ ਐਸ ਨਗਰ, ਫਤਿਹਗੜ੍ਹ ਸਾਹਿਬ, ਚੰਡੀਗੜ੍ਹ, ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ ਅਤੇ ਹੁਸ਼ਿਆਰਪੁਰ ਵਿੱਚ ਵੀ ਤੇਜ਼ ਹਵਾਵਾਂ ਚੱਲੀਆਂ ਅਤੇ ਹਲਕਾ ਮੀਂਹ ਪਿਆ। ਸੂਬੇ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ ਔਸਤਨ 0.4 ਡਿਗਰੀ ਤਕ ਦੀ ਗਿਰਾਵਟ ਦਰਜ ਕੀਤੀ ਗਈ ਏ। ਇਸ ਦੌਰਾਨ ਅੱਜ ਸੂਬੇ ਵਿਚ ਤੇਜ਼ ਹਵਾਵਾਂ ਵਗਣ, ਤੂਫਾਨ ਅਤੇ ਮੀਂਹ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਕਈ ਜ਼ਿਲ੍ਹਿਆਂ ਵਿੱਚ 40 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਦੱਸੀ ਗਈ ਏ। ਮੀਂਹ ਤੇ ਤੇਜ਼ ਹਵਾਵਾਂ ਤੋਂ ਬਾਅਦ 21 ਅਤੇ 22 ਜੂਨ ਨੂੰ ਲੋਕਾਂ ਨੂੰ ਗਰਮੀ ਤੋਂ ਰਾਹਤ

ਮਿਲਦੀ ਨਜ਼ਰ ਆ ਰਹੀ ਏ ਪਰ 23 ਜੂਨ ਤੋਂ ਬਾਅਦ ਇੱਕ ਵਾਰ ਫਿਰ ਹੀਟਵੇਵ ਦਾ ਅਲਰਟ ਜਾਰੀ ਕੀਤਾ ਗਿਆ ਏ । ਮੌਸਮ ਵਿਭਾਗ ਨੇ ਰਾਜਸਥਾਨ ਦੇ ਨਾਲ ਲੱਗਦੇ ਪੱਛਮੀ ਮਾਲਵੇ ਦੇ ਫਾਜ਼ਿਲਕਾ, ਮੁਕਤਸਰ, ਫਰੀਦਕੋਟ, ਮਾਨਸਾ ਅਤੇ ਬਠਿੰਡਾ ਵਿੱਚ ਹੀਟ ਵੇਵ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਏ ।

--------------------------------------------------------

ਪੰਜਾਬ ਸਰਕਾਰ ਨੇ 22 ਜੂਨ ਸ਼ਨੀਵਾਰ ਨੂੰ ਕਬੀਰ ਜੈਯੰਤੀ ਦੇ ਮੌਕੇ ਤੇ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਏ । ਇਸ ਦਿਨ ਪੰਜਾਬ ਭਰ ਦੀਆਂ ਸਰਕਾਰੀ ਵਪਾਰਕ ਇਕਾਈਆਂ ਵਿੱਚ ਛੁੱਟੀ ਰਹੇਗੀ । ਸਰਕਾਰ ਨੇ ਸਾਲ 2024 ਦੀਆਂ ਸਰਕਾਰੀ ਛੁੱਟੀਆਂ ਦੀ ਸੂਚੀ ਵਿੱਚ ਵੀ, ਇਸ ਛੁੱਟੀ ਨੂੰ ਸ਼ਾਮਲ ਕੀਤਾ ਹੋਇਆ ਏ ।

--------------------------------------------------------

ਆਈ . ਸੀ. ਸੀ. ਟਵੰਟੀ- ਟਵੰਟੀ ਕ੍ਰਿਕਟ ਵਿਸ਼ਵ ਕੱਪ ਦੇ, ਸੁਪਰ - ਏਟ ਗਰੁੱਪ - ਟੂ ਦੇ ਮੈਚ ਵਿੱਚ, ਇੰਗਲੈਂਡ ਨੇ ਮੇਜ਼ਬਾਨ ਵੈਸਟਇੰਡੀਜ਼ ਨੂੰ ਅੱਠ ਵਿਕਟਾਂ ਨਾਲ ਹਰਾ ਦਿੱਤਾ ਏ । ਪਹਿਲਾਂ ਬੱਲੇਬਾਜ਼ੀ ਕਰਦੇ ਹੋਏ

ਵੈਸਟਇੰਡੀਜ਼ ਨੇ, 180 ਦੌੜਾਂ ਬਣਾਈਆਂ। ਇੰਗਲੈਂਡ ਨੇ ਜਿੱਤ ਲਈ 181 ਦੌੜਾਂ ਦਾ ਟੀਚਾ 18ਵੇਂ ਓਵਰ ਵਿੱਚ ਦੋ ਵਿਕਟਾਂ ਗੁਆ ਕੇ ਹਾਸਲ ਕਰ ਲਿਆ । ਇੱਕ ਹੋਰ ਮੈਚ ਵਿੱਚ ਦੱਖਣੀ ਅਫਰੀਕਾ ਨੇ ਅਮਰੀਕਾ ਨੂੰ 18 ਦੌੜਾਂ ਨਾਲ ਹਰਾਇਆ । ਗਰੁੱਪ-ਵਨ ਵਿੱਚ ਅੱਜ ਭਾਰਤ ਦਾ ਮੁਕਾਬਲਾ ਅਫਗਾਨਿਸਤਾਨ ਨਾਲ ਹੋਵੇਗਾ । ਭਾਰਤੀ ਸਮੇਂ ਅਨੁਸਾਰ ਇਹ ਮੈਚ ਰਾਤ, 8 ਵਜੇ ਤੋਂ ਬਾਰ-ਬਾਡੋਸ ਵਿੱਚ ਖੇਡਿਆ ਜਾਵੇਗਾ ।

---

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 21 ਜੂਨ ਨੂੰ, 10ਵੇਂ ਕੌਮਾਂਤਰੀ ਯੋਗ ਦਿਵਸ ਦੇ ਮੌਕੇ 'ਤੇ, ਸ੍ਰੀਨਗਰ ਵਿਖੇ ਹੋਣ ਵਾਲੇ ਸਮਾਗਮ ਦੀ ਅਗਵਾਈ ਕਰਨਗੇ ।
- ਪੰਜਾਬ ਵਿਚ ਵੀ ਯੋਗ ਦਿਵਸ ਨੂੰ ਵੱਡੇ ਪੱਧਰ ਤੇ ਮਨਾਉਣ ਦੀਆਂ ਤਿਆਰੀਆਂ, ਲੋਕਾਂ ਵਿਚ ਜ਼ਬਰਦਸਤ ਉਤਸ਼ਾਹ ।

- ਕੇਂਦਰ ਵਲੋਂ 14 ਫਸਲਾਂ ਲਈ MSP ਵਧਾਉਣ ਦਾ ਸੂਬੇ ਦੇ ਕਿਸਾਨਾਂ ਨੇ ਕੀਤਾ ਭਰਵਾਂ ਸਵਾਗਤ ।
- ਜਲੰਧਰ ਪੱਛਮੀ ਰਾਖਵੇਂ ਵਿਧਾਨਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਅੱਜ BJP ਉਮੀਦਵਾਰ ਸ਼ੀਤਲ ਅੰਗੂਰਾਲ ਸਮੇਤ ਕਈ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ।